ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਝੋਨੇ ਦੀ ਸੁਚਾਰੂ ਖਰੀਦ ਲਈ ਕੀਤੇ ਗਏ ਪੁਖਤਾ ਪ੍ਰਬੰਧ - ਡਿਪਟੀ ਕਮਿਸ਼ਨਰ

ਵੱਖ-ਵੱਖ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨਾਲ ਡਿਪਟੀ ਕਮਿਸ਼ਨਰ ਵੱਲੋਂ ਕੀਤੀ ਗਈ ਵਿਸ਼ੇਸ਼ ਮੀਟਿੰਗ

ਕਿਸਾਨਾਂ ਨੂੰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲਿਆਉਣ ਦੀ ਕੀਤੀ ਅਪੀਲ



ਕੰਬਾਈਨ ਮਾਲਿਕਾਂ ਨੂੰ ਰਾਤ ਸਮੇਂ ਝੋਨੇ ਦੀ ਕਟਾਈ ਨਾ ਕਰਨ ਦੀ ਕੀਤੀ ਹਦਾਇਤ

ਤਰਨਤਾਰਨ, 26 ਸਤੰਬਰ :

ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਵੱਲੋਂ ਝੋਨੇ ਦੀ ਸੁਚਾਰੂ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਜ਼ਿਲ੍ਹਾ ਖੁਰਾਕ ਸਪਲਾਈਜ਼ ਕੰਟਰੋਲਰ ਅਤੇ ਖਪਤਕਾਰ ਮਾਮਲੇ ਡਾ. ਨਿਰਮਲ ਸਿੰਘ, ਜ਼ਿਲ੍ਹਾ ਮੰਡੀ ਅਫ਼ਸਰ ਸ੍. ਪਾਲ ਸਿੰਘ, ਜ਼ਿਲ੍ਹਾ ਮੈਨੇਜਰ ਮਾਰਕਫੈਡ ਸ੍. ਇੰਦਰਜੀਤ ਸਿੰਘ, ਜ਼ਿਲ੍ਹਾ ਮੈਨੇਜਰ ਪਨਸਪ ਸ੍. ਗੁਰਿੰਦਰ ਸਿੰਘ, ਜ਼ਿਲ੍ਹਾ ਮੈਨੇਜਰ ਵੇਅਰ ਹਾਊਸ ਸ੍. ਕਰੁਣਦੀਪ ਸਿੰਘ, ਪੰਜਾਬ ਐਗਰੋ ਜ਼ਿਲ੍ਹਾ ਮੈਨੇਜਰ ਸ੍. ਇੰਦਰਦੀਪ ਸਿੰਘ ਅਤੇ ਜ਼ਿਲ੍ਹਾ ਮੈਨੇਜਰ ਐਫ.ਸੀ.ਆਈ. ਸ੍ਰੀ. ਕ੍ਰਿਸ਼ਨ ਕੁਮਾਰ ਹਾਜ਼ਰ ਸਨ।

ਇਸ ਮੌਕੇ 'ਤੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਝੋਨੇ ਦੀ ਸੁਚਾਰੂ ਖਰੀਦ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ 1 ਅਕਤੂਬਰ 2017 ਤੋਂ ਝੋਨੇ ਦੀ ਖਰੀਦ ਸ਼ੁਰੂ ਹੋ ਰਹੀ ਹੈ ਜੋ ਕਿ 15 ਦਸੰਬਰ ਤੱਕ ਨਿਰਵਿਘਨ ਚੱਲੇਗੀ ਜੋ ਕਿ ਹਰ ਸ਼ਨੀਵਾਰ, ਐਤਵਾਰ ਤੇ ਗਜਟਿਡ ਛੁੱਟੀ ਵਾਲੇ ਦਿਨ ਵੀ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਤਰਨਤਾਰਨ ਦੀਆਂ 56 ਮੰਡੀਆਂ ਵਿੱਚੋਂ ਪੰਜਾਬ ਸਰਕਾਰ

ਦੀਆਂ ਵੱਖ-ਵੱਖ ਖਰੀਦ ਏਜੰਸੀਆਂ, ਪਨਗ੍ਰੇਨ ਵੱਲੋਂ 30 ਫ਼ੀਸਦੀ, ਮਾਰਕਫੈਡ ਵੱਲੋਂ 23 ਫ਼ੀਸਦੀ, ਪਨਸਪ ਵੱਲੋਂ 22 ਫ਼ੀਸਦੀ, ਵੇਅਰ ਹਾਊਸ ਵੱਲੋਂ 10 ਫ਼ੀਸਦੀ, ਪੰਜਾਬ ਐਗਰੋ ਵੱਲੋਂ 10 ਫ਼ੀਸਦੀ ਅਤੇ ਭਾਰਤ ਸਰਕਾਰ ਦੀ ਖਰੀਦ ਏਜੰਸੀ ਐਫ.ਸੀ.ਆਈ. ਵੱਲੋਂ 5 ਫ਼ੀਸਦੀ ਝੋਨੇ ਦੀ ਖਰੀਦ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਵੱਖ-ਵੱਖ ਮੰਡੀਆਂ ਵਿੱਚੋਂ ਝੋਨਾ ਖਰੀਦਣ ਲਈ ਇਹ ਮੰਡੀਆਂ ਵੱਖ-ਵੱਖ ਖਰੀਦ ਏਜੰਸੀਆਂ ਨੂੰ ਅਲਾਟ ਕੀਤੀਆਂ ਗਈਆਂ ਹਨ। ਉਨ੍ਹਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੰਡੀਆਂ ਵਿੱਚ ਆਉਣ ਵਾਲਾ ਉਹ ਸਾਰਾ ਝੋਨਾ, ਜੋ ਸਰਕਾਰੀ ਖਰੀਦ ਦੇ ਮਾਪਦੰਡਾਂ 'ਤੇ ਪੂਰਾ ਉਤਰਦਾ ਹੈ, ਉਸ ਦੀ ਤੁਰੰਤ ਖਰੀਦ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਕੋਈ ਪਰੇਸ਼ਾਨੀ ਨਾ ਹੋਵੇ। ਉਨ੍ਹਾਂ ਕਿਹਾ ਕਿ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਝੋਨੇ ਦੇ ਖਰੀਦ ਸੀਜ਼ਨ ਦੌਰਾਨ ਬਾਰਦਾਨੇ ਦੀ ਕੋਈ ਕਮੀ ਨਾ ਆਵੇ। ਉਨ੍ਹਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਖਰੀਦ ਕੀਤੇ ਗਏ ਝੋਨੇ ਦੀ ਮੰਡੀਆਂ ਵਿੱਚੋਂ ਤੁਰੰਤ ਚੁਕਾਈ ਲਈ ਲੋੜੀਂਦੇ ਅਗਾਊਂ ਪ੍ਰਬੰਧ ਕੀਤੇ ਜਾਣ ਅਤੇ ਕਿਸਾਨਾਂ ਨੂੰ ਖਰੀਦ ਕੀਤੀ ਗਈ ਫ਼ਸਲ ਦੀ ਅਦਾਇਗੀ 48 ਘੰਟਿਆਂ ਵਿੱਚ ਕਰਨੀ ਯਕੀਨੀ ਬਣਾਈ ਜਾਵੇ।
ਇਸ ਮੌਕੇ ਉਨ੍ਹਾਂ ਜ਼ਿਲ੍ਹਾ ਮੰਡੀ ਅਫ਼ਸਰ ਨੂੰ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਸਾਫ਼-ਸਫ਼ਾਈ ਯਕੀਨੀ ਬਣਾਈ ਜਾਵੇ ਅਤੇ ਪੀਣ ਵਾਲੇ ਪਾਣੀ ਤੇ ਬਿਜਲੀ ਸਪਲਾਈ ਦੇ ਪ੍ਰਬੰਧ ਮੁਕੰਮਲ ਕਰ ਲਏ ਜਾਣ। ਉਨ੍ਹਾਂ ਕਿਹਾ ਕਿ ਆੜ੍ਹਤੀਆਂ ਅਤੇ ਤੋਲਿਆਂ ਦੇ ਲਾਇਸੰਸ ਜੇ ਲੋੜੀਂਦੇ ਹੋਣ ਤਾਂ ਰੀਨਿਊ ਕਰਵਾ ਲਏ ਜਾਣ। ਉਨ੍ਹਾਂ ਕਿਹਾ ਕਿ ਆੜ੍ਹਤੀਆਂ ਵੱਲੋਂ ਕੀਤੇ ਜਾਣ ਵਾਲੇ ਲੋੜੀਂਦੇ ਤਰਪਾਲਾਂ ਆਦਿ ਦੇ ਪ੍ਰਬੰਧ ਵੀ ਯਕੀਨੀ ਬਣਾਇਆ ਜਾਵੇ।
ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪੂਰੇ ਪੱਕੇ ਹੋਏ ਝੋਨੇ ਦੀ ਕਟਾਈ ਹੀ ਕਰਵਾਉਣ ਅਤੇ ਸੁੱਕਾ ਝੋਨਾ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਆਪਣਾ ਝੋਨਾ ਵੇਚਣ ਲਈ ਕੋਈ ਮੁਸ਼ਕਿਲ ਨਾ ਆਵੇ ਅਤੇ ਉਨ੍ਹਾਂ ਨੂੰ ਆਪਣੀ ਫ਼ਸਲ ਦਾ ਉਚਿਤ ਮੁੱਲ ਮਿਲ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 17 ਫ਼ੀਸਦੀ ਨਮੀ ਨਿਰਧਾਰਿਤ ਕੀਤੀ ਗਈ ਹੈ, ਜੇਕਰ ਕੋਈ ਕਿਸਾਨ ਨਿਰਧਾਰਿਤ ਨਮੀ ਤੋਂ ਵੱਧ ਵਾਲਾ ਝੋਨਾ ਵੇਚਣ ਲਈ ਆਉਂਦਾ ਹੈ ਤਾਂ ਉਸਨੂੰ ਮੰਡੀ ਵਿੱਚ ਦਾਖ਼ਲ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਧਾਰਾ 144 ਅਧੀਨ ਝੋਨੇ ਦੀ ਕਟਾਈ ਰਾਤ ਸਮੇਂ ਨਾ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਹਨ। ਉਨ੍ਹਾਂ ਕੰਬਾਈਨ ਮਾਲਿਕਾਂ ਨੂੰ ਹਦਾਇਤ ਕੀਤੀ ਕਿ ਰਾਤ 7 ਵਜੇ ਤੋਂ ਲੈ ਕੇ ਸਵੇਰੇ 9 ਵਜੇ ਤੱਕ ਝੋਨੇ ਦੀ ਕਟਾਈ ਨਾ ਕੀਤੀ ਜਾਵੇ, ਜੇਕਰ ਕੋਈ ਰਾਤ ਸਮੇਂ ਝੋਨੇ ਦੀ ਕਟਾਈ ਕਰਦਾ ਪਾਇਆ ਜਾਂਦਾ ਹੈ ਤਾਂ ਤੁਰੰਤ ਉਸਦੀ ਕੰਬਾਈਨ ਜ਼ਬਤ ਕਰਦਿਆਂ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।
------------